# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :16-04-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਅੱਜ ਤੋਂ ਸ਼ੁਰੂ ਹੋ ਰਹੇ ਸੰਸਦ ਦੇ ਵਿਸ਼ੇਸ਼ ਇਜਲਾਸ ਵਿੱਚ, ਦੇਸ਼, ਔਰਤਾਂ ਦੇ ਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਚੁੱਕਣ ਲਈ ਤਿਆਰ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਸੰਸਕ੍ਰਿਤ ਸੁਭਾਸ਼ਿਤਮ ਸਾਂਝਾ ਕਰਦੇ ਹੋਏ, ਸ਼੍ਰੀ ਮੋਦੀ ਨੇ ਲਿਖਿਆ ਕਿ, ਦੇਸ਼ ਦੀਆਂ ਮਾਵਾਂ ਅਤੇ ਭੈਣਾਂ ਦਾ ਸਤਿਕਾਰ ਰਾਸ਼ਟਰ ਦਾ ਸਤਿਕਾਰ ਏ ਅਤੇ ਦੇਸ਼ ਇਸੇ ਭਾਵਨਾ ਨਾਲ ਇਸ ਦਿਸ਼ਾ ਵਿੱਚ ਦ੍ਰਿੜਤਾ ਨਾਲ ਅੱਗੇ ਵਧ ਰਿਹਾ ਏ।

---------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਵਲੋਂ ਕਿਸਾਨਾਂ ਦੀ ਫਸਲ ਦੀ ਖਰੀਦ ਵਿਚ ਕੋਈ

ਵੀ ਰੁਕਾਵਟ ਬਰਦਾਸ਼ਤ ਨਹੀਂ ਕੀਤੀ ਜਾਏਗੀ. ਓਹਨਾਂ ਕਿਹਾ ਕਿ MSP ਦਾ ਪੂਰਾ ਪੈਸਾ ਕਿਸਾਨਾਂ ਦੇ ਖਾਤਿਆਂ ਵਿਚ ਸਮੇਂ ਸਿਰ ਪਹੁੰਚੇਗਾ. ਓਹਨਾਂ ਕਿਹਾ ਕਿ ਬੀਤੇ ਦਿਨਾਂ ਵਿਚ ਹੋਈ ਬਰਸਾਤ ਕਾਰਣ ਕਣਕ ਦੇ ਦਾਣੇ ਵਿਚ ਨਮੀ ਵਸੀ ਏ ਜਿਸ ਦੀ ਪਰਖ ਲਈ ਭਾਰਤੀ ਖੁਰਾਕ ਕਾਰਪੋਰੇਸ਼ਨ ਦੀਆਂ ਟੀਮਾਂ 3 ਦਿਨਾਂ ਤੋਂ ਹਰ ਇੱਕ ਜ਼ਿਲੇ ਵਿਚ ਜਾ ਕੇ ਕਿਸਾਨਾਂ ਨਾਲ ਗੱਲਬਾਤ ਕਰ ਰਹੀ ਏ. ਟੀਮਾਂ ਦੀ ਰਿਪੋਰਟ ਤੋਂ ਬਾਅਦ ਨਮੀ ਵਿਚ ਛੋਟ ਬਾਰੇ ਵਿਚਾਰ ਕੀਤਾ ਜਾਏਗਾ. ਓਹਨਾਂ ਪੰਜਾਬ ਸਰਕਾਰ ਨੂੰ ਵੀ ਕਿਹਾ ਕਿ ਓਹ ਵੀ ਖਰੀਦ 'ਚ ਦੇਰੀ ਨਾ ਕਰੇ -

byte - bittu - 40 sec

-------------------------------------------------

ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਅਧੀਨ ਆਉਂਦੀ ਸਰਨਾ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਪ੍ਰਕਿਰਿਆ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਮੰਡੀ ਵਿੱਚ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ

ਵੀ ਲਿਆ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੂਰੇ ਪੰਜਾਬ ਅੰਦਰ ਕਣਕ ਦੀ ਖਰੀਦ ਦਾ ਸਿਲਸਿਲਾ ਪਹਿਲੀ ਅਪ੍ਰੈਲ ਤੋਂ ਸ਼ੁਰੂ ਕਰ ਦਿੱਤਾ ਗਿਆ ਏ ਜਿਸ ਤਹਿਤ ਮੰਡੀਆਂ ਵਿੱਚ ਆ ਰਹੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਨੇ. ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਕਿਸੇ ਵੀ ਕਿਸਾਨ ਨੂੰ ਮੰਡੀ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਉਹਨਾਂ ਇਹ ਵੀ ਕਿਹਾ ਕਿ ਹੁਣ ਤੱਕ ਪੂਰੇ ਪੰਜਾਬ ਅੰਦਰ 4 ਲੱਖ ਮੈਟਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਏ ਅਤੇ ਇਸ ਵਿੱਚੋਂ ਕਰੀਬ 80 ਹਜਾਰ ਮੈਟਰਿਕ ਟਨ ਕਣਕ ਦੀ ਖਰੀਦ ਕਰ ਲਈ ਗਈ ਏ। ਮੰਤਰੀ ਨੇ ਕਿਹਾ ਕਿ ਇਸ ਦੇ ਨਾਲ ਹੀ ਕੇਂਦਰ ਤੋਂ ਜੋ ਟੀਮਾਂ ਫਸਲ ਦੀ ਜਾਂਚ ਲਈ ਪੰਜਾਬ ਪਹੁੰਚੀਆਂ ਨੇ ਉਹਨਾਂ ਵੱਲੋਂ ਵੀ ਪਿਛਲੇ ਦਿਨੀ ਕਣਕ ਦੇ ਨਮੂਨੇ ਲੈ ਲਏ ਗਏ ਨੇ.

-----------------------------------------

ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਅੱਜ ਅੰਮ੍ਰਿਤਸਰ ਵਿੱਚ ਇੱਕ ਮੁਲਜ਼ਮ ਤੋਂ ਗੋਲੀ – ਸਿੱਕੇ ਸਮੇਤ 4 ਹੈਂਡ ਗ੍ਰਨੇਡ ਅਤੇ 2 ਵਿਦੇਸ਼ੀ ਬਣੇ ਆਧੁਨਿਕ ਪਿਸਤੌਲ ਬਰਾਮਦ ਕੀਤੇ ਨੇ. ਪਾਕਿਸਤਾਨ ਦੇ ISI ਦੀ ਹਮਾਇਤ ਪ੍ਰਾਪਤ ਇੱਕ ਹੋਰ ਸਰਹੱਦ ਪਾਰ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕਰਦੇ ਹੋਏ, ਪੁਲਿਸ ਨੇ ਕਿਹੈ ਕਿ ਇਹ ਮਾਡਿਊਲ ਚੰਡੀਗੜ੍ਹ ਵਿੱਚ ਹਾਲ ਹੀ ਵਿੱਚ ਹੋਏ ਗ੍ਰਨੇਡ ਹਮਲੇ ਵਿੱਚ ਸ਼ਾਮਲ ਸੀ । ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਮੁਲਜ਼ਮ, ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ। ਉਸਨੂੰ ਅੰਮ੍ਰਿਤਸਰ ਅਤੇ ਮੋਹਾਲੀ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲਾਂ ਵਲੋਂ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ ।

----------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਅਧੀਨ ਰਾਸ਼ਟਰੀ ਏਡਜ਼ ਕੰਟਰੋਲ ਸੰਗਠਨ (NACO), ਅੱਜ ਮੋਹਾਲੀ ਵਿਖੇ ਇੱਕ ਦਿਨ ਦੀ ਸੁਰੱਖਿਆ ਸੰਕਲਪ ਕਾਰਜਸ਼ਾਲਾ ਕਰ ਰਿਹਾ

ਏ ਤਾਂ ਜੋ ਪੰਜਾਬ ਰਾਜ ਦੇ ਸਿਹਤ ਵਿਭਾਗ ਨੂੰ HIV ਵਾਇਰਸ ਦੇ ਅਨੁਪਾਤ ਨੂੰ ਉਸ ਪੱਧਰ ਤੱਕ ਘਟਾਉਣ ਵਿੱਚ ਮਦਦ ਕੀਤੀ ਜਾ ਸਕੇ ਜਿੱਥੇ ਇਹ ਜਨਤਕ ਸਿਹਤ ਸਮੱਸਿਆ ਨਾ ਰਹੇ । ਡਾ. ਰਾਕੇਸ਼ ਗੁਪਤਾ, ਵਧੀਕ ਸਕੱਤਰ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਭਾਰਤ ਸਰਕਾਰ ਅਤੇ ਡਾਇਰੈਕਟਰ ਜਨਰਲ, NACO, ਜੋ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਨੇ, ਨੇ ਕਿਹਾ ਏ ਕਿ ਜ਼ਿਲ੍ਹਾ ਪੱਧਰ 'ਤੇ ਇਸ ਵਾਇਰਸ ਨਾਲ ਨਜਿੱਠਣ ਲਈ ਮੁੱਦਿਆਂ, ਚੁਣੌਤੀਆਂ, ਹੱਲ ਅਤੇ ਰੋਡ ਮੈਪ 'ਤੇ ਚਰਚਾ ਕੀਤੀ ਜਾਵੇਗੀ।

---------------------------------------------------------

ਸੂਬੇ ਭਰ ਵਿੱਚ ਅਤਿ ਦੀ ਗਰਮੀ ਵਿੱਚ ਵਾਧੇ ਦੀ ਸੰਭਾਵਨਾ ਦੇ ਨਾਲ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਏ ਕਿ ਸਿਹਤ ਵਿਭਾਗ ਨੇ ਅਤਿ ਦੀ ਗਰਮੀ ਦੇ ਪ੍ਰਭਾਵਾਂ ਨੂੰ ਰੋਕਣ, ਘਟਾਉਣ ਅਤੇ ਇਸ ਪ੍ਰਤੀ ਪ੍ਰਬੰਧ ਲਈ ਸਹੂਲਤਾਂ ਅਤੇ ਮੁਲਾਜ਼ਮਾਂ ਨੂੰ ਤਿਆਰ ਕਰਨ ਲਈ

ਸਰਗਰਮ ਕਦਮ ਚੁੱਕੇ ਨੇ. ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਤਿ ਦੀ ਗਰਮੀ ਦਾ ਸਾਹਮਣਾ ਗਰਮੀ ਦੇ ਤਣਾਅ, ਥਕਾਵਟ ਅਤੇ ਗਰਮੀ ਦੇ ਸਟ੍ਰੋਕ ਦੇ ਜੋਖਮ ਨੂੰ ਅਤੇ ਜੇ ਕਿਸੇ ਨੂੰ ਦਿਲ ਅਤੇ ਸਾਹ ਦੀਆਂ ਤਕਲੀਫਾਂ ਨੇ ਤਾਂ ਓਹਨਾਂ ਨੂੰ ਵਧਾਉਂਦਾ ਏ।

ਸਾਰੇ ਸਿਵਲ ਸਰਜਨਾਂ ਨੂੰ ਸਾਰੇ ਜ਼ਿਲ੍ਹਾ ਹਸਪਤਾਲਾਂ, ਸਬ-ਡਵੀਜ਼ਨ ਹਸਪਤਾਲਾਂ ਅਤੇ ਭਾਈਚਾਰਕ ਸਿਹਤ ਕੇਂਦਰਾਂ ਵਿੱਚ ਸਮਰਪਿਤ ਹੀਟ ਸਟ੍ਰੋਕ ਪ੍ਰਬੰਧਨ ਯੂਨਿਟਾਂ ਨੂੰ ਚਾਲੂ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ ਜੋ ਸਰਗਰਮ ਕੂਲਿੰਗ ਉਪਾਵਾਂ ਨਾਲ ਲੈਸ ਨੇ, ਜਿਸ ਵਿੱਚ ਆਈਸ ਪੈਕ ਅਤੇ ਹੋਰ ਜ਼ਰੂਰੀ ਚੀਜ਼ਾਂ ਸ਼ਾਮਲ ਨੇ. ਸਿਹਤ ਵਿਭਾਗ ਨੇ ਐਮਰਜੈਂਸੀ ਹੈਲਪਲਾਈਨ ਨੰਬਰ 104, 108, ਜਾਂ 112 ਵੀ ਜਾਰੀ ਕੀਤੇ ਨੇ ਜਿਨ੍ਹਾਂ 'ਤੇ ਕੋਈ ਵੀ ਡਾਕਟਰੀ ਐਮਰਜੈਂਸੀ ਸੇਵਾਵਾਂ ਪ੍ਰਾਪਤ ਕਰਨ ਲਈ ਸੰਪਰਕ ਕਰ ਸਕਦਾ ਏ।

---------------------------------------------------

IPL ਕ੍ਰਿਕੇਟ ਵਿਚ ਅੱਜ, ਮੁੰਬਈ ਇੰਡੀਅਨਜ਼ ਦਾ ਸਾਹਮਣਾ ਪੰਜਾਬ ਕਿੰਗਜ਼ ਨਾਲ ਹੋਏਗਾ. ਇਹ ਮੈਚ ਮੁੰਬਈ ਦੇ ਵਾਨਖੇੜੇ ਸਟੇਡੀਅਮ, ਵਿਖੇ ਸ਼ਾਮ ਸਾਢੇ 7 ਖੇਡਿਆ ਜਾਏਗਾ.